ਬਿਲਾਵਲੁ ਮਹਲਾ ੫ ॥ ਗੁਰੁ ਪੂਰਾ ਆਰਾਧਿਆ ਹੋਏ ਕਿਰਪਾਲ ॥ ਮਾਰਗੁ ਸੰਤਿ ਬਤਾਇਆ ਤੂਟੇ ਜਮ ਜਾਲ ॥੧॥ ਦੂਖ ਭੂਖ ਸੰਸਾ ਮਿਟਿਆ ਗਾਵਤ ਪ੍ਰਭ ਨਾਮ ॥ ਸਹਜ ਸੂਖ ਆਨੰਦ ਰਸ ਪੂਰਨ ਸਭਿ ਕਾਮ ॥੧॥ ਰਹਾਉ ॥ ਜਲਨਿ ਬੁਝੀ ਸੀਤਲ ਭਏ ਰਾਖੇ ਪ੍ਰਭਿ ਆਪ ॥ ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪ ॥੨॥੧੧॥੭੫॥ {ਪੰਨਾ 819}

ਪਦਅਰਥ:- ਆਰਾਧਿਆ—ਮਨ ਵਿਚ ਯਾਦ ਰੱਖਿਆ। ਕਿਰਪਾਲ—ਦਇਆਵਾਨ {ਕ੍ਰਿਪਾ-ਆਲਯ}। ਮਾਰਗੁ—(ਜੀਵਨ ਦਾ ਸਹੀ) ਰਸਤਾ। ਸੰਤਿ—ਗੁਰੂ ਨੇ, ਸੰਤ ਨੇ। ਜਮ ਜਾਲ—ਜਮ ਦੀਆਂ ਫਾਹੀਆਂ।1।

ਸੰਸਾ—ਸਹਿਮ। ਸਹਜ—ਆਤਮਕ ਅਡੋਲਤਾ। ਸਭਿ—ਸਾਰੇ। ਕਾਮ—ਕੰਮ।1। ਰਹਾਉ।

ਜਲਨਿ—ਸੜਨ। ਪ੍ਰਭਿ—ਪ੍ਰਭੂ ਨੇ। ਜਾ ਕਾ—ਜਿਸ (ਪ੍ਰਭੂ) ਦਾ।2।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਦੁੱਖ, ਸਾਰੀਆਂ ਭੁੱਖਾਂ, ਸਾਰੇ ਸਹਿਮ ਮਿਟ ਜਾਂਦੇ ਹਨ। (ਨਾਮ ਦੀ ਬਰਕਤਿ ਨਾਲ) ਆਤਮਕ ਅਡੋਲਤਾ ਦੇ ਸੁਖ ਆਨੰਦ ਸੁਆਦ (ਪ੍ਰਾਪਤ ਹੋ ਜਾਂਦੇ ਹਨ)। ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ।1। ਰਹਾਉ।

ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ, ਜਿਸ ਉੱਤੇ ਗੁਰੂ ਦਇਆਵਾਨ ਹੁੰਦਾ ਹੈ, ਜਿਸ ਮਨੁੱਖ ਨੂੰ ਗੁਰੂ ਨੇ (ਸਹੀ ਜੀਵਨ ਦਾ) ਰਸਤਾ ਦੱਸ ਦਿੱਤਾ, ਉਸ ਦੀਆਂ ਜਮ ਵਾਲੀਆਂ ਸਾਰੀਆਂ ਫਾਹੀਆਂ ਟੁੱਟ ਜਾਂਦੀਆਂ ਹਨ (ਉਸ ਦੇ ਉਹ ਮਾਨਸਕ ਬੰਧਨ ਟੁੱਟ ਜਾਂਦੇ ਹਨ, ਜੇਹੜੇ ਆਤਮਕ ਮੌਤ ਲਿਆਉਂਦੇ ਹਨ)।1।

(ਹੇ ਭਾਈ! ਜਿਸ ਮਨੁੱਖ ਨੇ ਪ੍ਰਭੂ ਦਾ ਨਾਮ ਸਿਮਰਿਆ) ਪ੍ਰਭੂ ਨੇ ਆਪ (ਉਸ ਦੀ ਜਮ ਜਾਲ ਤੋਂ) ਰਾਖੀ ਕੀਤੀ (ਉਸ ਦੇ ਅੰਦਰੋਂ ਵਿਕਾਰਾਂ ਦੀ) ਸੜਨ ਮਿਟ ਗਈ, ਉਸ ਦਾ ਮਨ ਠੰਢਾ-ਠਾਰ ਹੋ ਗਿਆ। ਹੇ ਨਾਨਕ! ਜਿਸ ਪ੍ਰਭੂ ਵਿਚ ਇਤਨੀ ਵੱਡੀ ਤਾਕਤ ਹੈ ਤੂੰ ਭੀ ਉਸ ਦੀ ਸਰਨ ਪਿਆ ਰਹੁ।2।11। 75।